ਮਲਾਰ ਮਹਲਾ ੫ ॥ ਗੁਰ ਪ੍ਰੀਤਿ ਪਿਆਰੇ ਚਰਨ ਕਮਲ ਰਿਦ ਅੰਤਰਿ ਧਾਰੇ ॥੧॥ ਰਹਾਉ ॥ ਦਰਸੁ ਸਫਲਿਓ ਦਰਸੁ ਪੇਖਿਓ ਗਏ ਕਿਲਬਿਖ ਗਏ ॥ ਮਨ ਨਿਰਮਲ ਉਜੀਆਰੇ ॥ ੧॥ ਬਿਸਮ ਬਿਸਮੈ ਬਿਸਮ ਭਈ ॥ ਅਘ ਕੋਟਿ ਹਰਤੇ ਨਾਮ ਲਈ ॥ ਗੁਰ ਚਰਨ ਮਸਤਕੁ ਡਾਰਿ ਪਹੀ ॥ ਪ੍ਰਭ ਏਕ ਤੂੰਹੀ ਏਕ ਤੁਹੀ ॥ ਭਗਤ ਟੇਕ ਤੁਹਾਰੇ ॥ ਜਨ ਨਾਨਕ ਸਰਨਿ ਦੁਆਰੇ ॥੨॥੪॥੨੬॥ {ਪੰਨਾ 1272}

ਪਦ ਅਰਥ:- ਚਰਨ ਕਮਲ—ਕੌਲ ਫੁੱਲਾਂ ਵਰਗੇ ਸੋਹਣੇ ਹਰਿ-ਚਰਨ। ਰਿਦ ਅੰਤਰਿ—ਹਿਰਦੇ ਦੇ ਅੰਦਰ। ਧਾਰੇ—(ਮੈਂ) ਟਿਕਾ ਲਏ ਹਨ।1। ਰਹਾਉ।

ਸਫਲਿਓ—ਫਲ ਦੇ ਗਿਆ ਹੈ। ਪੇਖਿਓ—ਵੇਖ ਲਿਆ ਹੈ। ਕਿਲਬਿਖ—(ਸਾਰੇ) ਪਾਪ। ਉਜੀਆਰੇ—ਰੌਸ਼ਨ, ਆਤਮਕ ਜੀਵਨ ਦੀ ਸੂਝ ਵਾਲਾ।1।

ਬਿਸਮ—ਅਸਚਰਜ, ਹੈਰਾਨ। ਭਈ—ਹੋ ਗਈ। ਅਘ—ਪਾਪ। ਕੋਟਿ—ਕ੍ਰੋੜਾਂ। ਹਰਤੇ—ਦੂਰ ਹੋ ਜਾਂਦੇ ਹਨ। ਲਈ—ਲਿਆਂ, ਸਿਮਰਿਆਂ। ਗੁਰ ਚਰਨ—ਗੁਰੂ ਦੇ ਚਰਨਾਂ ਉੱਤੇ। ਮਸਤਕੁ—ਮੱਥਾ। ਡਾਰਿ—ਰੱਖ ਕੇ। ਪਹੀ—ਪੈਂਦੇ ਹਨ। ਪ੍ਰਭ—ਹੇ ਪ੍ਰਭੂ! ਟੇਕ—ਆਸਰਾ।2।

ਅਰਥ:- ਹੇ ਭਾਈ! ਪਿਆਰੇ ਸਤਿਗੁਰੂ ਦੀ ਬਰਕਤਿ ਨਾਲ ਮੈਂ ਪ੍ਰਭੂ ਦੇ ਸੋਹਣੇ ਚਰਨ ਆਪਣੇ ਹਿਰਦੇ ਵਿਚ ਵਸਾ ਲਏ ਹਨ।1। ਰਹਾਉ।

ਹੇ ਭਾਈ! ਗੁਰੂ ਦਾ ਦਰਸਨ (ਸਦਾ) ਫਲਦਾਈ ਹੁੰਦਾ ਹੈ। (ਜਿਹੜਾ ਮਨੁੱਖ ਗੁਰੂ ਦਾ ਦਰਸਨ ਕਰਦਾ ਹੈ, ਉਹ ਪਰਮਾਤਮਾ ਦਾ ਭੀ) ਦਰਸਨ ਕਰ ਲੈਂਦਾ ਹੈ, (ਉਸ ਦੇ) ਸਾਰੇ ਹੀ ਪਾਪ ਨਾਸ ਹੋ ਜਾਂਦੇ ਹਨ। (ਦਰਸਨ ਕਰਨ ਵਾਲੇ ਮਨੁੱਖਾਂ ਦੇ) ਮਨ ਪਵਿੱਤਰ ਹੋ ਜਾਂਦੇ ਹਨ, ਆਤਮਕ ਜੀਵਨ ਦੀ ਸੂਝ ਵਾਲੇ ਬਣ ਜਾਂਦੇ ਹਨ।1।

ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਿਆਂ ਕ੍ਰੋੜਾਂ ਪਾਪ ਦੂਰ ਹੋ ਜਾਂਦੇ ਹਨ, ਅਸਚਰਜ ਅਸਚਰਜ ਅਸਚਰਜ ਆਤਮਕ ਅਵਸਥਾ ਬਣ ਜਾਂਦੀ ਹੈ।

(ਜਿਹੜੇ ਮਨੁੱਖ) ਗੁਰੂ ਦੇ ਚਰਨਾਂ ਉੱਤੇ ਮੱਥਾ ਰੱਖ ਕੇ ਢਹਿ ਪੈਂਦੇ ਹਨ, ਉਹਨਾਂ ਵਾਸਤੇ, ਹੇ ਪ੍ਰਭੂ! ਸਿਰਫ਼ ਤੂੰ ਹੀ ਸਿਰਫ਼ ਤੂੰ ਹੀ ਸਹਾਰਾ ਹੁੰਦਾ ਹੈਂ। ਹੇ ਨਾਨਕ! (ਆਖ—ਹੇ ਪ੍ਰਭੂ! ਤੇਰੇ) ਭਗਤਾਂ ਨੂੰ ਤੇਰੀ ਹੀ ਟੇਕ ਹੈ, ਤੇਰੇ ਦਾਸ ਤੇਰੀ ਸਰਨ ਪਏ ਰਹਿੰਦੇ ਹਨ, ਤੇਰੇ ਹੀ ਦਰ ਤੇ ਡਿੱਗੇ ਰਹਿੰਦੇ ਹਨ।2।4। 26।